ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਵਲੋਂ ਜਾਗੋ ਮੁਹਿਮ ਤਹਿਤ ਲਗਾਈ ਗਈ ਇਕ ਵਰਕਸ਼ਾਪ ਵਿਚ ਸੰਗਤਾਂ ਨੂੰ ਗਰੀਨ ਦੀਵਾਲੀ ਮਨਾਉਣ ਦਾ ਸੰਕਲਪ ਦਿਵਾਉਂਦੇ ਹੋਏ ਸੰਸਥਾਨ ਦੀ ਕਪੂਰਥਲਾ ਸ਼ਾਖਾ ਦੀ ਮੁਖੀ ਸਾਧਵੀ ਗੁਰਪ੍ਰੀਤ ਭਾਰਤੀ। ਤਸਵੀਰ. ਤਿਲਕਰਾਜ

ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਨੇ ਜਾਗੋ ਮੁਹਿਮ ਤਹਿਤ ਗਰੀਨ ਦੀਵਾਲੀ ਮਨਾਉਣ ਲਈ ਵਰਕਸ਼ਾਪ ਲਾਈ

ਸਾਧਵੀ ਗੁਰਪ੍ਰੀਤ ਭਾਰਤੀ ਨੇ ਜਾਗੋ ਮੁਹਿਮ ਤਹਿਤ ਲੋਕਾਂ ਨੂੰ ਗਰੀਨ ਦੀਵਾਲੀ ਮਨਾਉਣ ਦਾ ਸੰਕਲਪ ਦਿਵਾਇਆ

ਕਪੂਰਥਲਾ, 19 ਅਕਤੂਬਰ (ਵਿਸ਼ੇਸ਼ ਪ੍ਰਤੀਨਿਧ)-ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਵਲੋਂ ਜਾਗੋ ਮੁਹਿਮ ਤਹਿਤ ਲੋਕਾਂ ਨੂੰ ਗਰੀਨ ਦੀਵਾਲੀ ਮਨਾਉਣ ਲਈ ਪ੍ਰੇਰਿਤ ਕਰਨ ਦੇ ਮਨੋਰਥ ਨਾਲ ਇਕ ਵਰਕਸ਼ਾਪ ਲਗਾਈ ਗਈ। ਜਿਸ ਵਿਚ ਵੱਡੀ ਗਿਣਤੀ ਵਿਚ ਲੋਕਾਂ ਨੇ ਭਾਗ ਲਿਆ। ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਕਪੂਰਥਲਾ ਸ਼ਾਖਾ ਦੀ ਮੁਖੀ ਸਾਧਵੀ ਗੁਰਪ੍ਰੀਤ ਭਾਰਤੀ ਨੇ ਕਿਹਾ ਕਿ ਕੁਦਰਤ ਸਾਡੀ ਮਾਂ ਹੈ ਤੇ ਜੇਕਰ ਕੁਦਰਤ ਦਾ ਸ਼ੋਸ਼ਣ ਇਸੇ ਤਰ੍ਹਾਂ ਹੁੰਦਾ ਰਿਹਾ ਤਾਂ ਆਉਣ ਵਾਲੀਆਂ ਪੀੜੀਆਂ ਸਰਾਪਤ ਜੀਵਨ ਜਿਊਣ ਲਈ ਮਜਬੂਰ ਹੋਣਗੀਆਂ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਬਹੁਤ ਜ਼ਰੂਰੀ ਹੈ, ਇਸ ਲਈ ਸੰਸਥਾਨ ਵਲੋਂ ਸਰੰਕਸ਼ਨ ਪ੍ਰੋਜੈਕਟ ਤਹਿਤ ਹਰੀ ਦੀਵਾਲੀ ਮਨਾਉਣ ਲਈ ਇਹ ਵਰਕਸ਼ਾਪ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਿੱਟੀ ਦੇ ਦੀਵਿਆਂ, ਵਾਤਾਵਰਣ ਅਨੁਕੂਲ ਰੰਗੋਲੀ, ਟਿਕਾਊ ਤੋਹਫ਼ੇ ਤੇ ਪਲਾਸਟਿਕ ਦੀਆਂ ਚੀਜ਼ਾਂ ਦੀ ਵਰਤੋਂ ਨਾ ਕਰਕੇ ਸੋਚ ਸਮਝ ਕੇ ਖ਼ਰੀਦਦਾਰੀ, ਫੁੱਲਾਂ ਦੇ ਪੱਤਿਆਂ ਤੋਂ ਬਣੀ ਖਾਦ ਵਰਗੇ ਬਦਲ ਸਾਡੇ ਸਾਹਮਣੇ ਹਨ ਅਤੇ ਇਨ੍ਹਾਂ ਦੀ ਵਰਤੋਂ ਕਰਕੇ ਅਸੀਂ ਆਪਣੇ ਆਲੇ ਦੁਆਲੇ ਦੇ ਲੋਕਾਂ ਨੂੰ ਸਾਫ਼ ਤੇ ਸ਼ੁੱਧ ਵਾਤਾਵਰਣ ਦੇ ਸਕਦੇ ਹਾਂ। ਇਸ ਮੌਕੇ ਪਟਾਕਿਆਂ ਤੋਂ ਨਿਕਲਣ ਵਾਲੇ ਧੂੰਏਂ ਦੇ ਮਾਰੂ ਪ੍ਰਭਾਵ ਨੂੰ ਉਜਾਗਰ ਕਰਦਾ ਇਕ ਨਾਟਕ ਪੇਸ਼ ਕੀਤਾ ਗਿਆ। ਵਰਕਸ਼ਾਪ ਦੌਰਾਨ ਇਕ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿਚ ਸਮਾਜ ਨੂੰ ਗਰੀਨ ਦੀਵਾਲੀ ਮਨਾ ਕੇ ਵਾਤਾਵਰਣ ਦੀ ਸ਼ੁੱਧਤਾ ਦਾ ਸੰਦੇਸ਼ ਦਿੱਤਾ ਗਿਆ। ਵਰਕਸ਼ਾਪ ਵਿਚ ਸ਼ਾਮਲ ਹੋਏ ਲੋਕਾਂ ਨੇ ਵਾਤਾਵਰਣ ਅਨੁਕੂਲ ਹਰੀ ਦੀਵਾਲੀ ਮਨਾਉਣ ਦਾ ਸੰਕਲਪ ਲਿਆ।

ਸੰਤ ਬਾਬਾ ਦਰਸ਼ਨ ਸਿੰਘ ਕੁੱਲੀ ਵਾਲਿਆਂ ਦੀ ਸਾਲਾਨਾ ਬਰਸੀ ਸੰਬੰਧੀ ਕਰਵਾਇਆ ਧਾਰਮਿਕ ਸਮਾਗਮ

ਵੱਖ-ਵੱਖ ਰਾਗੀ, ਢਾਡੀ ਤੇ ਕੀਰਤਨੀ ਜਥਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ

ਭੁਲੱਥ, 19 ਅਕਤੂਬਰ (ਮਨਜੀਤ ਸਿੰਘ ਰਤਨ)-ਬ੍ਰਹਮ ਗਿਆਨੀ ਸੰਤ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲਿਆਂ ਦੇ ਪਵਿੱਤਰ ਤਪ ਅਸਥਾਨ ਪੰਡੋਰੀ ਰਾਜਪੂਤਾਂ, ਅਰਾਈਆਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਸਾਲਾਨਾ ਬਰਸੀ ਸਮਾਗਮ ਬੜੀ ਸ਼ਰਧਾ, ਪ੍ਰੇਮ ਸਤਿਕਾਰ ਸਹਿਤ ਕਰਵਾਇਆ ਗਿਆ। ਇਸ ਸਬੰਧੀ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਖੁੱਲ੍ਹੇ ਪੰਡਾਲ ਵਿਚ ਸਮਾਗਮ ਕਰਵਾਇਆ ਗਿਆ, ਜਿਸ ਵਿਚ ਭਾਈ ਅਵਤਾਰ ਸਿੰਘ ਹੈੱਡ ਗ੍ਰੰਥੀ ਪੰਡੋਰੀ ਅਰਾਈਆਂ, ਭਾਈ ਸੋਹਣ ਸਿੰਘ ਹੈੱਡ ਗ੍ਰੰਥੀ ਪੰਡੋਰੀ ਰਾਜਪੂਤਾਂ, ਭਾਈ ਗੁਰਦਿਆਲ ਸਿੰਘ ਹੈੱਡ ਗ੍ਰੰਥੀ ਡੇਰਾ ਸੰਤ ਬਾਬਾ ਦਰਸ਼ਨ ਸਿੰਘ ਕੁੱਲੀ ਵਾਲੇ, ਬਾਬਾ ਹੀਰਾ ਸਿੰਘ ਅਲਾਵਈਸਾ ਵਾਲੇ, ਡਾਕਟਰ ਗੁਰਪ੍ਰੀਤ ਸਿੰਘ ਭੀਵਾਨ ਭੀਖੇ ਸ਼ਾਹ, ਭਾਈ ਕਰਨੈਲ ਸਿੰਘ ਜੀ ਹਜ਼ੂਰੀ ਰਾਗੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਅੰਮ੍ਰਿਤਸਰ, ਢਾਡੀ ਜਥਾ ਜਤਿੰਦਰ ਸਿੰਘ ਨੂਰਪੁਰੀ ਨੇ ਕਥਾ ਕੀਰਤਨ ਤੇ ਵਾਰਾਂ ਨਾਲ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ। ਇਸ ਮੌਕੇ ਤੇ ਵੱਖ ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਰਾਹੀਂ ਸੰਤਾਂ ਦੇ ਜੀਵਨ ਤੇ ਚਾਨਣਾ ਪਾਇਆ ਤੇ ਉਨ੍ਹਾਂ ਨੂੰ ਗੁਰੂ ਲੜ ਲੱਗਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਪ੍ਰਬੰਧਕਾਂ ਵਲੋਂ ਸਮਾਗਮ ਵਿਚ ਆਏ ਮੋਹਤਬਰ ਵਿਅਕਤੀਆਂ ਦਾ ਸਨਮਾਨ ਕੀਤਾ ਗਿਆ ਤੇ ਉਨ੍ਹਾਂ ਦਾ ਤੇ ਦੂਰੋਂ ਦੁਰਾਡੇ ਤੋਂ ਆਈਆਂ ਹੋਈਆਂ ਸੰਗਤਾਂ ਦਾ ਸਮਾਗਮ ਵਿਚ ਆਉਣ ਤੇ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਜੀ ਆਇਆਂ ਕਿਹਾ। ਸਟੇਜ ਸਕੱਤਰ ਦੀ ਸੇਵਾ ਲੈਕਚਰਾਰ ਹਰੀਪਾਲ ਸਿੰਘ ਪੰਡੋਰੀ ਵਲੋਂ ਨਿਭਾਈ ਗਈ। ਇਸ ਇਸ ਮੌਕੇ ਤੇ ਸਰਬਜੀਤ ਸਿੰਘ ਪ੍ਰਧਾਨ, ਬਲਵਿੰਦਰ ਸਿੰਘ ਕੈਸ਼ੀਅਰ, ਕੁਲਦੀਪ ਸਿੰਘ ਨੰਬਰਦਾਰ, ਬਿਕਰਮਜੀਤ ਸਿੰਘ ਸਰਪੰਚ, ਕੈਪਟਨ ਸੁਰਜੀਤ ਸਿੰਘ, ਸੂਬੇਦਾਰ ਮਨਜੀਤ ਸਿੰਘ, ਰਵੇਲ ਸਿੰਘ, ਸੂਬੇਦਾਰ ਗੁਲਬਾਗ ਸਿੰਘ, ਤਰਨਜੀਤ ਸਿੰਘ, ਸੁਖਵਿੰਦਰ ਸਿੰਘ, ਸੁਖਜਿੰਦਰ ਸਿੰਘ, ਸੁਖਪਾਲ ਜਿੰਦਰ ਸਿੰਘ, ਬਲਦੇਵ ਸਿੰਘ ਬਾਜਵਾ, ਜਸਪਾਲ ਸਿੰਘ ਪੰਚ, ਸੰਦੀਪ ਸਿੰਘ ਪੰਚ, ਮਨਜੀਤ ਸਿੰਘ ਪੰਚ, ਗੁਰਮੀਤ ਸਿੰਘ ਥਾਣੇਦਾਰ, ਮਨਜੀਤ ਸਿੰਘ, ਗੁਲਜਾਰ ਸਿੰਘ ਥਾਣੇਦਾਰ, ਜੋਗਿੰਦਰ ਸਿੰਘ, ਸਵਰਨ ਸਿੰਘ, ਕੁਲਬੀਰ ਸਿੰਘ, ਪਰਮਜੀਤ ਸਿੰਘ, ਗਰਦਾਰਾ ਸਿੰਘ, ਭੁਪਿੰਦਰ ਸਿੰਘ, ਸ਼ੀਸ਼ਨ ਸਿੰਘ, ਹਰਜੀਤ ਸਿੰਘ ਸੋਨੂੰ, ਸੁਖਜਿੰਦਰ ਸਿੰਘ ਸੀਨੀਅਰ ਵਾਈਸ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ, ਬਲਬੀਰ ਸਿੰਘ ਜੇ ਈ ਜ਼ਿਲ੍ਹਾ ਕੈਸ਼ੀਅਰ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਸੰਤ ਬਾਬਾ ਦਰਸ਼ਨ ਸਿੰਘ ਕੁੱਲੀ ਵਾਲਿਆਂ ਦੀ ਸਾਲਾਨਾ ਬਰਸੀ ਸੰਬੰਧੀ ਕਰਵਾਏ ਗਏ ਧਾਰਮਿਕ ਸਮਾਗਮ ਮੌਕੇ ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲਿਆਂ ਦਾ ਜਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਦਾ ਹੋਇਆ ਨਾਲ ਹਾਜ਼ਰ ਸੰਗਤਾਂ ਦਿਖਾਈ ਦੇ ਰਹੀਆਂ ਹਨ। ਤਸਵੀਰ. ਮਨਜੀਤ ਸਟੂਡੀਓ

ਪਿੰਡ ਲੱਖਪੁਰ ਵਿਖੇ ਸਰਾਂ ਵਾਲੇ ਅੱਡੇ ਤੇ ਅਮਨਦੀਪ ਸਿੰਘ ਦੀ ਯਾਦ ਵਿਚ ਬਣਾਏ ਜਾ ਰਹੇ ਬੱਸ ਸਟੈਂਡ ਦੀ ਇਮਾਰਤ ਦੀ ਨੀਂਹ ਰੱਖਦੇ ਹੋਏ ਉਸ ਦੇ ਦਾਦਾ ਗਿਆਨ ਸਿੰਘ, ਸਮੂਹ ਪੰਚਾਇਤ ਅਤੇ ਪਿੰਡ ਵਾਸੀ। ਤਸਵੀਰ. ਮਨਦੀਪ ਸਿੰਘ ਸੰਧੂ

ਲੱਖਪੁਰ ਵਿਖੇ ਬੱਸ ਸਟੈਂਡ ਦੀ ਇਮਾਰਤ ਦੀ ਉਸਾਰੀ ਦੀ ਸ਼ੁਰੂਆਤ

ਖਲਵਾੜਾ, 19 ਅਕਤੂਬਰ (ਮਨਦੀਪ ਸਿੰਘ ਸੰਧੂ) ਪ੍ਰਵਾਸੀ ਭਾਰਤੀ ਸੁਲਿੰਦਰ ਸਿੰਘ ਦੇ ਲੜਕੇ ਅਤੇ ਪ੍ਰਵਾਸੀ ਭਾਰਤੀ ਸੁਖਵਿੰਦਰ ਸਿੰਘ ਦੇ ਭਤੀਜੇ ਅਮਨਦੀਪ ਸਿੰਘ ਦੀ ਯਾਦ ਵਿਚ ਸਰਾਂ ਵਾਲੇ ਅੱਡੇ ਤੇ ਪਿੰਡ ਲੱਖਪੁਰ ਵਿਖੇ ਬੱਸ ਸਟੈਂਡ ਦੀ ਇਮਾਰਤ ਬਣਾਉਣ ਦਾ ਨੀਂਹ ਰੱਖ ਕੇ ਉਦਘਾਟਨ ਕੀਤਾ ਗਿਆ। ਜਿਸ ਦੀ ਨੀਂਹ ਅਮਨਦੀਪ ਸਿੰਘ ਦੇ ਦਾਦਾ ਗਿਆਨ ਸਿੰਘ ਵਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਇਸ ਮੌਕੇ ਸਰਪੰਚ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਬੱਸ ਸਟੈਂਡ ਪੰਜ ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਹੈ ਜੋ ਕਿ ਬਹੁਤ ਜਲਦ ਬਣਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਗੁਰਮੀਤ ਸਿੰਘ, ਸਾਬਕਾ ਸਰਪੰਚ ਮਹਿੰਦਰ ਸਿੰਘ, ਦਵਿੰਦਰ ਪਾਲ ਸਿੰਘ ਪੰਚ, ਕੁਲਦੀਪ ਸਿੰਘ ਪੰਚ, ਰਾਮ ਆਸਰਾ ਪੰਚ, ਰੇਸ਼ਮ ਸਿੰਘ, ਭੁਪਿੰਦਰ ਸਿੰਘ, ਗੁਰਜੀਤ ਸਿੰਘ, ਜਸਪਾਲ ਸਿੰਘ, ਤਰਲੋਚਨ ਸਿੰਘ, ਪਰਮਜੀਤ ਸਿੰਘ, ਬਿੰਦਰ ਸਿੰਘ, ਤੀਰਥ ਸਿੰਘ, ਹਰਪ੍ਰੀਤ ਸਿੰਘ, ਜਤਿੰਦਰ ਸਿੰਘ, ਮਹਿੰਦਰ ਪਾਲ, ਜਸ਼ਨਪ੍ਰੀਤ ਸਿੰਘ ਤੇ ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਅਕਾਲ ਅਕੈਡਮੀ ਰਾਏਪੁਰ ਪੀਰ ਬਖ਼ਸ਼ ਵਾਲਾ ਵਿਖੇ ਬੱਚੇ ਅਧਿਆਪਕਾਂ ਨਾਲ ਦੀਵਾਲੀ ਮਨਾਉਂਦੇ ਹੋਏ। ਤਸਵੀਰ. ਮਨਜੀਤ ਸਟੂਡੀਓ

ਅਕਾਲ ਅਕੈਡਮੀ ਰਾਏਪੁਰ ਪੀਰ ਬਖ਼ਸ਼ ਵਾਲਾ ਵਿਖੇ ਮਨਾਇਆ ਦੀਵਾਲੀ ਦਾ ਤਿਉਹਾਰ

ਭੁਲੱਥ, 19 ਅਕਤੂਬਰ (ਮਨਜੀਤ ਸਿੰਘ ਰਤਨ)-ਅਕਾਲ ਅਕੈਡਮੀ ਰਾਏਪੁਰ ਪੀਰ ਬਖ਼ਸ਼ ਵਾਲਾ ਵਿਖੇ ਬੰਦੀ ਛੋੜ ਦਿਵਸ ਤੇ ਦੀਵਾਲੀ ਦਾ ਤਿਉਹਾਰ ਬੜੇ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਸਮਾਗਮ ਵਿਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬੜੇ ਚਾਅ ਨਾਲ ਭਾਗ ਲਿਆ। ਇਸ ਮੌਕੇ ਰੰਗੋਲੀ ਮੁਕਾਬਲੇ ਕਰਵਾਏ ਗਏ ਜਿਸ ਵਿਚ ਵੱਖ ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਰੰਗ-ਬਿਰੰਗੀਆਂ ਤੇ ਸੁੰਦਰ ਰੰਗੋਲੀਆਂ ਬਣਾਈਆਂ। ਸਭ ਬੱਚਿਆਂ ਨੇ ਆਪਣੀ ਰਚਨਾਤਮਿਕਤਾ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਕਲਾਸਾਂ ਸਜਾਉਣ ਦਾ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿਚ ਵਿਦਿਆਰਥੀਆਂ ਨੇ ਆਪਣੀਆਂ ਕਲਾਸਾਂ ਨੂੰ ਦੀਵੇ, ਬੱਤੀਆਂ ਤੇ ਪੋਸਟਰਾਂ ਨਾਲ ਸੁੰਦਰ ਢੰਗ ਨਾਲ ਸਜਾਇਆ। ਇਸ ਮੌਕੇ ਪ੍ਰਿੰਸੀਪਲ ਸੋਨੂੰ ਸ਼ਰਮਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਤਰ੍ਹਾਂ ਦੇ ਤਿਉਹਾਰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ਇਹਨਾਂ ਨਾਲ ਆਪਸੀ ਸਾਂਝ ਅਤੇ ਪ੍ਰੇਮ ਪਿਆਰ ਵਿਚ ਵਾਧਾ ਹੁੰਦਾ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਨੂੰ ਸਾਫ਼-ਸੁਥਰੀ ਤੇ ਪ੍ਰਕਾਸ਼ਮਈ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਬ੍ਰਹਮ ਗਿਆਨੀ ਸੰਤ ਬਾਬਾ ਖੜਗ ਸਿੰਘ ਦੇ 169ਵੇਂ ਜਨਮ ਦਿਹਾੜੇ ਸੰਬੰਧੀ ਸਾਲਾਨਾ ਜੋੜ ਮੇਲਾ 28 ਨੂੰ

ਤਲਵੰਡੀ ਚੌਧਰੀਆਂ, 19 ਅਕਤੂਬਰ (ਪਰਸਨ ਲਾਲ ਭੋਲਾ)-ਗੁਰਦੁਆਰਾ ਪ੍ਰਬੰਧਕ ਕਮੇਟੀ ਸੰਤ ਬਾਬਾ ਖੜਗ ਸਿੰਘ ਦੰਦੂਪੁਰ, ਸਮੂਹ ਸਾਧ ਸੰਗਤ, ਗ੍ਰਾਮ ਪੰਚਾਇਤ ਦੰਦੂਪੁਰ ਤੇ ਐਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ ਸੰਤ ਬਾਬਾ ਖੜਗ ਸਿੰਘ ਦੇ 169ਵੇਂ ਜਨਮ ਦਿਹਾੜੇ ਦੀ ਖ਼ੁਸ਼ੀ ਵਿਚ 28 ਅਕਤੂਬਰ ਦਿਨ ਮੰਗਲਵਾਰ ਨੂੰ ਮੁੱਖ ਸੇਵਾਦਾਰ ਬਾਬਾ ਹਰਜੀਤ ਸਿੰਘ ਸਿੰਘ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਠੱਟਾ ਕਾਰ ਸੇਵਾ ਵਾਲਿਆਂ ਦੀ ਸਰਪ੍ਰਸਤੀ ਹੇਠ ਸਾਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਪੰਚ ਜੋਗਿੰਦਰ ਸਿੰਘ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਲਕੀਤ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਸ 7 ਰੋਜ਼ਾ ਧਾਰਮਿਕ ਸਮਾਗਮ ਦੇ ਸਬੰਧ ਵਿਚ 22 ਅਕਤੂਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਪਹਿਲੀ ਲੜੀ ਆਰੰਭ ਹੋਵੇਗੀ, ਜਿਸ ਦੇ ਭੋਗ 24 ਅਕਤੂਬਰ ਨੂੰ, ਦੂਜੀ ਲੜੀ 24 ਤੋਂ ਆਰੰਭ ਹੋਵੇਗੀ, ਜਿਸ ਦੇ ਭੋਗ 26 ਅਕਤੂਬਰ ਨੂੰ, ਧਾਰਮਿਕ ਸਮਾਗਮਾਂ ਦੀ ਤੀਜੀ ਤੇ ਆਖ਼ਰੀ ਲੜੀ 26 ਤਰੀਕ ਨੂੰ ਆਰੰਭ ਹੋਵੇਗੀ ਤੇ ਜਿਸ ਦੇ ਭੋਗ 28 ਅਕਤੂਬਰ ਦਿਨ ਮੰਗਲਵਾਰ ਨੂੰ ਪਾਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ 7 ਰੋਜ਼ਾ ਧਾਰਮਿਕ ਸਮਾਗਮਾਂ ਵਿਚ ਸੰਗਤਾਂ ਨੂੰ ਆਸ਼ੀਰਵਾਦ ਦੇਣ ਲਈ ਸੰਤ ਮਹਾਂਪੁਰਸ਼ਾਂ ਵਿਚ ਸੰਤ ਬਾਬਾ ਅਵਤਾਰ ਸਿੰਘ ਬਿਧੀਚੰਦ ਸੁਰ ਸਿੰਘ ਵਾਲੇ, ਸੰਤ ਬਾਬਾ ਲੀਡਰ ਸਿੰਘ ਗੁਰਦੁਆਰਾ ਪਾਤਿਸ਼ਾਹੀ ਛੇਵੀਂ ਸੈਫਲਾਬਾਦ ਵਾਲੇ, ਸੰਤ ਬਾਬਾ ਜੈ ਸਿੰਘ ਡੇਰਾ ਬਾਬਾ ਸ਼੍ਰੀ ਚੰਦ ਮਹਿਮਦਵਾਲ ਵਾਲੇ, ਸੰਤ ਬਾਬਾ ਮੁਨੀ ਖੈੜਾ ਬੇਟ ਵਾਲੇ, ਸੰਤ ਬਾਬਾ ਨਿਰਮਲ ਦਾਸ ਬੂੜੇਵਾਲ ਵਾਲੇ, ਸੰਤ ਬਾਬਾ ਗੁਰਰਾਜ ਪਾਲ ਸਿੰਘ ਅੰਮ੍ਰਿਤਸਰ ਵਾਲੇ ਅਤੇ ਸੰਤ ਬਾਬਾ ਅਮਰੀਕ ਸਿੰਘ ਖੁਖਰੈਣ ਵਾਲੇ ਸੰਗਤਾਂ ਨੂੰ ਅਸ਼ੀਰਵਾਦ ਦੇਣਗੇ। ਇਸ ਤੋਂ ਪਹਿਲਾਂ 27 ਅਕਤੂਬਰ ਰਾਤ ਦੇ ਦੀਵਾਨ ਛੇ ਤੋਂ 9 ਵਜੇ ਤੱਕ ਜਿਸ ਵਿਚ ਕੁਲਵੰਤ ਸਿੰਘ ਜੀ ਹਜ਼ੂਰੀ ਰਾਗੀ ਜਥਾ ਦਮਦਮਾ ਸਾਹਿਬ ਤੇ ਕਥਾਵਾਚਕ ਭਾਈ ਸੁਖਦੇਵ ਸਿੰਘ ਬਾਉਲੀ ਸਾਹਿਬ ਡੱਲਾ ਵਾਲੇ ਸੰਗਤਾਂ ਨੂੰ ਗੁਰ ਚਰਨਾਂ ਨਾਲ ਜੋੜਨਗੇ। 28 ਅਕਤੂਬਰ ਦਿਨ ਮੰਗਲਵਾਰ ਨੂੰ ਅਰਦਾਸ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਭਾਈ ਗੁਰਦੇਵ ਸਿੰਘ ਜੀ ਦੰਦੂਪੁਰ ਵਾਲੇ, ਭਾਈ ਬਲਦੇਵ ਸਿੰਘ ਹਜ਼ੂਰੀ ਰਾਗੀ ਬੀੜ ਸਾਹਿਬ ਵਾਲੇ ਤੇ ਢਾਡੀ ਜਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਅੱਗੇ ਦੱਸਿਆ ਕਿ ਸੰਗਤਾਂ ਦੀ ਜ਼ੋਰਦਾਰ ਮੰਗ ਤੇ 29 ਅਕਤੂਬਰ ਨੂੰ ਸਵੇਰੇ 10 ਵਜੇ ਘੋੜਿਆਂ ਦੀਆਂ ਦੌੜਾਂ ਦੇ ਮੁਕਾਬਲੇ ਹੋਣਗੇ, ਜਿਸ ਵਿਚ ਸੰਤ ਬਾਬਾ ਅਵਤਾਰ ਸਿੰਘ ਬਿਧੀ ਚੰਦਰੀਏ ਸੁਰ ਸਿੰਘ ਵਾਲਿਆਂ ਦੀਆਂ ਫ਼ੌਜਾਂ ਹਿੱਸਾ ਲੈਣਗੀਆਂ। ਧਾਰਮਿਕ ਸਮਾਗਮਾਂ ਦੇ ਸੱਤੇ ਦਿਨ ਸੰਗਤਾਂ ਨੂੰ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

ਬ੍ਰਹਮ ਗਿਆਨੀ ਸੰਤ ਬਾਬਾ ਖੜਕ ਸਿੰਘ ਤੇ ਗਿਆਨੀ ਸੰਤ ਬਾਬਾ ਕਰਤਾਰ ਸਿੰਘ ਕਾਰ ਸੇਵਾ ਵਾਲਿਆਂ ਦੀ ਤਸਵੀਰ।

ਸੌਦ ਬਿਲਡਿੰਗ ਮਟੀਰੀਅਲ ਸਟੋਰ ਠੱਟਾ ਨਵਾਂ ਵਲੋਂ ਸੈਨੇਟਰੀ, ਪੇਂਟ ਤੇ ਟਾਈਲਾਂ ਉੱਪਰ ਛੋਟ

ਸੁਲਤਾਨਪੁਰ ਲੋਧੀ, 19 ਅਕਤੂਬਰ (ਥਿੰ